ਨੰ: FD-FP-10AMRS/2/2025-5FP1/1023122/2025

ਪੰਜਾਬ ਸਰਕਾਰ
ਵਿੱਤ ਵਿਭਾਗ
(ਵਿੱਤ ਪ੍ਰਸੋਨਲ-1 ਸ਼ਾਖਾ)

ਮਿਤੀ,ਚੰਡੀਗੜ੍ਹ: 31,ਜਨਵਰੀ, 2025

ਸੇਵਾ ਵਿਖੇ,

ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ,
ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਵੀਜ਼ਨਾਂ ਦੇ ਕਮਿਸ਼ਨਰ,
ਸਮੂਹ ਜਿਲ੍ਹਾ ਤੇ ਸੈਸ਼ਨਜ਼ ਜੱਜ,
ਸਮੂਹ ਡਿਪਟੀ ਕਮਿਸ਼ਨਰਜ਼ ਅਤੇ
ਸਮੂਹ ਸਬ ਡਵੀਜਨਲ ਮਜਿਸਟ੍ਰੇਟ।

ਵਿਸ਼ਾ:- **ਵਿੱਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਮਿਤੀ 17.07.2020 ਦੇ ਸਨਮੁੱਖ ਸਿੱਧੀ ਭਰਤੀ ਅਸਾਮੀਆਂ ਲਈ 7th CPC ਦੇ ਪੈਟਰਨ ਤੇ ਨਿਰਧਾਰਿਤ ਕੀਤੇ ਗਏ/ਕੀਤੇ ਜਾਣ ਵਾਲੇ ਤਨਖਾਹ ਸਕੇਲਾਂ ਪ੍ਰਤੀ ਵਿਭਾਗੀ ਨਿਯਮਾਂ ਵਿੱਚ ਬਣਦੀ ਸੋਧ ਹੋਣ ਉਪਰੰਤ ਹੀ ਸਿੱਧੀ ਭਰਤੀ ਕਰਨ ਸਬੰਧੀ।**

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਸਬੰਧੀ ਆਪ ਦਾ ਧਿਆਨ ਵਿੱਤ ਵਿਭਾਗ ਦੀਆਂ ਹਦਾਇਤਾਂ ਪੱਤਰ ਨੰ: 7/42/2020-5ਐਫ.ਪੀ.1/741-754 ਮਿਤੀ 17.07.2020 (ਨੱਥੀ) ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਇਹਨਾਂ ਹਦਾਇਤਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਸੀ ਕਿ ਮਿਤੀ 17.07.2020 ਨੂੰ ਅਤੇ ਇਸ ਉਪਰੰਤ ਭਵਿੱਖ ਵਿੱਚ ਭਰਤੀ ਕੀਤੇ ਜਾਣ ਵਾਲੇ ਸਮੂਹ ਮੁਲਾਜਮਾਂ ਉਪਰ 7th CPC ਦੇ ਪੈਟਰਨ ਤੇ ਨਵੇਂ ਤਨਖਾਹ ਸਕੇਲ ਲਾਗੂ ਹੋਣਗੇ ਅਤੇ ਇਸ ਅਨੁਸਾਰ ਸਮੂਹ ਪ੍ਰਬੰਧਕੀ ਵਿਭਾਗਾਂ ਨੂੰ ਉਹਨਾਂ ਦੇ ਵਿਭਾਗ ਦੀਆਂ ਸਿੱਧੀ ਭਰਤੀ ਦੀਆਂ ਅਸਾਮੀਆਂ ਦੇ ਤਨਖਾਹ ਸਕੇਲ ਨਿਰਧਾਰਿਤ ਕੀਤੇ ਜਾ ਚੁੱਕੇ ਹਨ ਅਤੇ ਕਈ ਅਸਾਮੀਆਂ ਦੇ ਤਨਖਾਹ ਸਕੇਲ ਪ੍ਰਬੰਧਕੀ ਵਿਭਾਗਾਂ ਦੀ ਮੰਗ ਅਨੁਸਾਰ ਨਿਰਧਾਰਤ ਕੀਤੇ ਜਾ ਰਹੇ ਹਨ।

2. ਇਹਨਾਂ ਹਦਾਇਤਾਂ ਰਾਹੀਂ ਸਮੂਹ ਪ੍ਰਬੰਧਕੀ ਵਿਭਾਗਾਂ ਨੂੰ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਪ੍ਰਬੰਧਕੀ ਵਿਭਾਗ ਨਵੇਂ ਸਕੇਲਾਂ ਨੂੰ ਨੋਟੀਫਾਈ ਕਰਨ ਉਪਰੰਤ ਆਪਣੇ ਵਿਭਾਗੀ ਸੇਵਾ ਨਿਯਮਾਂ ਵਿੱਚ ਵੀ ਲੋੜ ਅਨੁਸਾਰ ਸੋਧ ਕਰੇਗਾ ਪ੍ਰੰਤੂ ਵਿੱਤ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਕਈ ਪ੍ਰਬੰਧਕੀ ਵਿਭਾਗਾਂ ਵੱਲੋਂ ਆਪਣੇ ਵਿਭਾਗੀ ਸੇਵਾ ਨਿਯਮਾਂ ਵਿੱਚ ਇਹਨਾਂ ਨਵੇਂ ਤਨਖਾਹ ਸਕੇਲਾਂ ਅਨੁਸਾਰ ਸੋਧ ਨਹੀਂ ਕੀਤੀ ਗਈ। ਜਿਸ ਕਾਰਨ ਕਈ ਕਰਮਚਾਰੀਆਂ/ਅਧਿਕਾਰੀਆਂ ਵੱਲੋਂ ਉਹਨਾਂ ਦੇ ਵਿਭਾਗੀ ਸੇਵਾ ਨਿਯਮਾਂ ਵਿੱਚ ਦਰਜ ਪੰਜਾਬ ਤਨਖਾਹ ਕਮਿਸ਼ਨ ਦੇ ਤਨਖਾਹ ਸਕੇਲਾਂ ਦਾ ਹਵਾਲਾ ਦਿੰਦੇ ਹੋਏ ਤਨਖਾਹ ਸਕੇਲ ਲੈਣ ਹਿੱਤ ਵੱਖ-ਵੱਖ ਕੋਰਟ ਕੇਸ ਦਾਇਰ ਕੀਤੇ ਜਾ ਰਹੇ ਹਨ, ਜੋ ਕਿ ਬਹੁਤ ਹੀ ਗੰਭੀਰ ਮਾਮਲਾ ਹੈ।

3. ਇਸ ਲਈ ਸਮੂਹ ਪ੍ਰਬੰਧਕੀ ਵਿਭਾਗਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਵਿੱਤ ਵਿਭਾਗ ਦੀਆਂ ਉੱਕਤ ਮਿਤੀ 17-07-2020 ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਆਪਣੇ ਵਿਭਾਗ ਦੀਆਂ ਅਸਾਮੀਆਂ ਲਈ 7th CPC ਦੇ ਪੈਟਰਨ ਤੇ ਨਿਰਧਾਰਿਤ ਹੋਏ ਤਨਖਾਹ ਸਕੇਲਾਂ ਨੂੰ ਆਪਣੇ ਵਿਭਾਗੀ ਸੇਵਾ ਨਿਯਮਾਂ ਵਿੱਚ ਦਰਜ ਕਰਨ ਸਬੰਧੀ/ਵਿਭਾਗੀ ਸੇਵਾ ਨਿਯਮਾਂ ਵਿੱਚ ਸੋਧ ਕਰਨ ਲਈ ਲੋੜੀਂਦੀ ਕਾਰਵਾਈ 15 ਦਿਨਾਂ ਦੇ ਅੰਦਰ-ਅੰਦਰ ਅਮਲ ਵਿੱਚ ਲਿਆਂਦੀ ਜਾਵੇ ਅਤੇ ਇਸ ਸਬੰਧੀ ਕਾਰਵਾਈ ਰਿਪੋਰਟ ਭੇਜੀ ਜਾਵੇ।

4. ਸਮੂਹ ਪ੍ਰਬੰਧਕੀ ਵਿਭਾਗਾਂ ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਵੱਖ-ਵੱਖ ਅਸਾਮੀਆਂ ਲਈ 7th CPC ਦੇ ਪੈਟਰਨ ਤੇ ਨਿਰਧਾਰਿਤ ਹੋਏ ਤਨਖਾਹ ਸਕੇਲਾਂ ਨੂੰ ਵਿਭਾਗੀ ਸੇਵਾ ਨਿਯਮਾਂ ਵਿੱਚ ਦਰਜ ਕਰਨ ਲਈ/ਵਿਭਾਗੀ ਸੇਵਾ ਨਿਯਮਾਂ ਵਿੱਚ ਸੋਧ ਕਰਨ ਲਈ ਲੋੜੀਂਦੀ ਕਾਰਵਾਈ ਪੂਰੀ ਹੋਣ ਉਪਰੰਤ ਹੀ ਨਵੀਂ ਭਰਤੀ ਕਰਨ ਸਬੰਧੀ ਬਣਦੀ ਕਾਰਵਾਈ ਕੀਤੀ ਜਾਵੇਗੀ।

5. ਇਹਨਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਪ੍ਰਬੰਧਕੀ ਵਿਭਾਗਾਂ ਵੱਲੋਂ ਯਕੀਨੀ ਬਣਾਈ ਜਾਵੇ।

(ਜਤਿੰਦਰ ਕੁਮਾਰ)
ਅਧੀਨ ਸਕੱਤਰ, ਵਿੱਤ

ਪਿੱਠ ਅੰਕਣ ਨੰ: FD-FP-10AMRS/2/2025-5FP1/1023122/2025 ਮਿਤੀ,ਚੰਡੀਗੜ੍ਹ: 31-1-2025

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

(1) ਵਿਸ਼ੇਸ਼ ਪ੍ਰਮੁੱਖ ਸਕੱਤਰ/ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ।

(2) ਸਕੱਤਰ/ਵਿੱਤ ਮੰਤਰੀ, ਪੰਜਾਬ, ਚੰਡੀਗੜ੍ਹ।

(3) ਸਕੱਤਰ/ਮੁੱਖ ਸਕੱਤਰ, ਪੰਜਾਬ, ਚੰਡੀਗੜ੍ਹ।

(4) ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ, ਵਿੱਤ ਵਿਭਾਗ।

ਸੁਪਰਡੰਟ

ਪਿੱਠ ਅੰਕਣ ਨੰ: FD-FP-10AMRS/2/2025-5FP1/1023122/2025 ਮਿਤੀ,ਚੰਡੀਗੜ੍ਹ: 31-1-2025

ਇਸ ਦਾ ਇੱਕ ਉਤਾਰਾ ਡਾਇਰੈਕਟਰ, ਪਬਲਿਕ ਇੰਟਰਪ੍ਰਾਈਸਿਜ਼ ਅਤੇ ਡਿਸਇਨਵੈਸਟਮੈਂਟ ਨੂੰ ਅਗਲੇਰੀ ਲੋੜੀਂਦੀ ਕਾਰਵਾਈ/ਪਾਲਣਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ